ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਪੈਸ਼ਲ ਅਪਰੇਸ਼ਨ ਤਹਿਤ ਜ਼ਿਲਾ ਅੰਦਰ 20 ਨਾਕੇ ਲਗਾ ਕੇ ਚਲਾਇਆ ਸਰਚ ਅਭਿਆਨ।

ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋ ਨਾਕਿਆ ਦਾ ਲਿਆ ਜਾਇਜ਼ਾ।



ਸ੍ਰੀ ਮੁਕਤਸਰ ਸਾਹਿਬ ( ) ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਅਤੇ ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਜੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਅੰਦਰ ਸਖ਼ਤ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ ਹਨ। ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਸ਼ਰਾਰਤੀ ਅਨਸਰਾਂ ਦੇ ਟਿਕਾਇਆਂ ਤੇ ਸਰਚ ਅਭਿਆਨ ਕੀਤਾ ਜਾ ਰਿਹਾ ਹੈ । ਇਸੇ ਤਹਿਤ ਹੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੀ ਅਗਵਾਈ ਹੇਠ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਜ਼ਿਲਾ ਅੰਦਰ ਨਾਕਾਬੰਦੀ ਕਰਕੇ ਸਪੈਸ਼ਲ ਸਰਚ ਅਭਿਆਨ ਚਲਾਇਆ ਗਿਆ। ਜਿਲ੍ਹੇ ਦੀਆਂ ਸਬ ਡਿਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਮਲੋਟ ਅਤੇ ਲੰਬੀ ਦੇ ਏਰੀਏ ਵਿੱਚ ਕੁੱਲ 20 ਨਾਕੇ ਲਗਾ ਕੇ ਸ਼ੱਕੀ ਵਹੀਕਲਾਂ ਅਤੇ ਪੁਰਸ਼ਾਂ ਦੀ ਤਲਾਸ਼ੀ ਕੀਤੀ ਗਈ। ਇਹਨਾਂ ਨਾਕਿਆਂ ਦੀ ਸੁਪਰਵਿਜ਼ਨ ਸ. ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਸ੍ਰੀ ਨਵੀਨ ਕੁਮਾਰ ਡੀ.ਐਸ.ਪੀ CAW, ਸ. ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਪਵਨਜੀਤ ਡੀ.ਐਸ.ਪੀ(ਮਲੋਟ), ਸ੍ਰੀ ਅਮਨਦੀਪ ਸਿੰਘ ਡੀ.ਐਸ.ਪੀ (ਐਚ), ਸ੍ਰੀ ਜਸਪਾਲ ਸਿੰਘ ਡੀ.ਐਸ.ਪੀ (ਡੀ), ਸ੍ਰੀ ਇਸ਼ਾਨ ਸਿੰਗਲਾ ਡੀ.ਐਸ.ਪੀ(PBI) ਵੱਲੋਂ ਕੀਤੀ ਗਈ ਅਤੇ ਇਸ ਮੌਕੇ ਮੁੱਖ ਅਫਸਰਾਨ ਥਾਣਾ ਤੋਂ ਇਲਾਵਾ 250 ਦੇ ਕਰੀਬ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।